ਗਉੜੀ ਗੁਆਰੇਰੀ ਮਹਲਾ ੩ ॥ ਏਕਸੁ ਤੇ ਸਭਿ ਰੂਪ ਹਹਿ ਰੰਗਾ ॥ ਪਉਣੁ ਪਾਣੀ ਬੈਸੰਤਰੁ ਸਭਿ ਸਹਲੰਗਾ ॥ ਭਿੰਨ ਭਿੰਨ ਵੇਖੈ ਹਰਿ ਪ੍ਰਭੁ ਰੰਗਾ ॥੧॥ ਏਕੁ ਅਚਰਜੁ ਏਕੋ ਹੈ ਸੋਈ ॥ ਗੁਰਮੁਖਿ ਵੀਚਾਰੇ ਵਿਰਲਾ ਕੋਈ ॥੧॥ ਰਹਾਉ ॥ ਸਹਜਿ ਭਵੈ ਪ੍ਰਭੁ ਸਭਨੀ ਥਾਈ ॥ ਕਹਾ ਗੁਪਤੁ ਪ੍ਰਗਟੁ ਪ੍ਰਭਿ ਬਣਤ ਬਣਾਈ ॥ ਆਪੇ ਸੁਤਿਆ ਦੇਇ ਜਗਾਈ ॥ ੨॥ ਤਿਸ ਕੀ ਕੀਮਤਿ ਕਿਨੈ ਨ ਹੋਈ ॥ ਕਹਿ ਕਹਿ ਕਥਨੁ ਕਹੈ ਸਭੁ ਕੋਈ ॥ ਗੁਰ ਸਬਦਿ ਸਮਾਵੈ ਬੂਝੈ ਹਰਿ ਸੋਈ ॥ ੩॥ ਸੁਣਿ ਸੁਣਿ ਵੇਖੈ ਸਬਦਿ ਮਿਲਾਏ ॥ ਵਡੀ ਵਡਿਆਈ ਗੁਰ ਸੇਵਾ ਤੇ ਪਾਏ ॥ ਨਾਨਕ ਨਾਮਿ ਰਤੇ ਹਰਿ ਨਾਮਿ ਸਮਾਏ ॥੪॥੯॥੨੯॥ {ਪੰਨਾ 160}

ਪਦਅਰਥ:- ਤੇ—ਤੋਂ। ਏਕਸੁ ਤੇ—ਇਕ (ਪਰਮਾਤਮਾ) ਤੋਂ ਹੀ। ਸਭਿ—ਸਾਰੇ। ਬੈਸੰਤਰੁ—ਅੱਗ। ਸਹਲੰਗਾ—{sh-lÀn} ਮਿਲੇ ਹੋਏ, ਜੁੜੇ ਹੋਏ। ਭਿੰਨ—ਵੱਖਰਾ।1।

ਸੋਈ—ਉਹ (ਪਰਮਾਤਮਾ) ਹੀ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ।1। ਰਹਾਉ।

ਸਹਜਿ—ਆਤਮਕ ਅਡੋਲਤਾ ਵਿਚ। ਕਹਾ—ਕਿਤੇ। ਪ੍ਰਭਿ—ਪ੍ਰਭੂ ਨੇ। ਦੇਇ—ਦੇਂਦਾ ਹੈ।2।

ਕਿਨੈ—ਕਿਸੇ (ਜੀਵ) ਪਾਸੋਂ। ਕਹਿ ਕਹਿ—ਆਖ ਆਖ ਕੇ। ਸਭੁ ਕੋਈ—ਹਰੇਕ ਜੀਵ।3।

ਸੁਣਿ—ਸੁਣ ਕੇ। ਵੇਖੈ—ਸੰਭਾਲ ਕਰਦਾ ਹੈ। ਤੇ—ਤੋਂ। ਨਾਮਿ—ਨਾਮ ਵਿਚ।4।

ਅਰਥ:- ਇਹ ਇਕ ਅਚਰਜ ਕੌਤਕ ਹੈ ਕਿ ਪਰਮਾਤਮਾ ਆਪ ਹੀ (ਇਸ ਬਹੁ-ਰੰਗੀ ਸੰਸਾਰ ਵਿਚ ਹਰ ਥਾਂ) ਮੌਜੂਦ ਹੈ। ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ (ਇਸ ਅਚਰਜ ਕੌਤਕ ਨੂੰ) ਵਿਚਾਰਦਾ ਹੈ।1। ਰਹਾਉ।

(ਸੰਸਾਰ ਵਿਚ ਦਿੱਸਦੇ ਇਹ) ਸਾਰੇ (ਵਖ ਵਖ) ਰੂਪ ਤੇ ਰੰਗ ਉਸ ਇੱਕ ਪਰਮਾਤਮਾ ਤੋਂ ਹੀ ਬਣੇ ਹਨ। ਉਸ ਇੱਕ ਤੋਂ ਹੀ ਹਵਾ ਪੈਦਾ ਹੋਈ ਹੈ ਪਾਣੀ ਬਣਿਆ ਹੈ ਅੱਗ ਪੈਦਾ ਹੋਈ ਹੈ ਤੇ ਇਹ ਸਾਰੇ (ਤੱਤ ਵਖ ਵਖ ਰੂਪ ਰੰਗ ਵਾਲੇ ਸਭ ਜੀਵਾਂ ਵਿਚ) ਮਿਲੇ ਹੋਏ ਹਨ। ਉਹ ਪਰਮਾਤਮਾ (ਆਪ ਹੀ) ਵਖ ਵਖ ਰੰਗਾਂ (ਵਾਲੇ ਜੀਵਾਂ) ਦੀ ਸੰਭਾਲ ਕਰਦਾ ਹੈ।1।

(ਆਪਣੀ) ਆਤਮਕ ਅਡੋਲਤਾ ਵਿਚ (ਟਿਕਿਆ ਹੋਇਆ ਹੀ ਉਹ) ਪਰਮਾਤਮਾ ਸਭਨਾਂ ਥਾਵਾਂ ਵਿਚ ਵਿਆਪਕ ਹੋ ਰਿਹਾ ਹੈ। ਕਿਤੇ ਉਹ ਗੁਪਤ ਹੈ ਕਿਤੇ ਪਰਤੱਖ ਹੈ। ਇਹ ਸਾਰੀ ਜਗਤ-ਖੇਲ ਪ੍ਰਭੂ ਨੇ ਆਪ ਹੀ ਬਣਾਈ ਹੋਈ ਹੈ। (ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੇ ਹੋਏ ਜੀਵਾਂ ਨੂੰ ਉਹ ਪਰਮਾਤਮਾ ਆਪ ਹੀ ਜਗਾ ਦੇਂਦਾ ਹੈ।2।

ਹਰੇਕ ਜੀਵ (ਆਪਣੇ ਵਲੋਂ ਪਰਮਾਤਮਾ ਦੇ ਗੁਣ) ਆਖ ਆਖ ਕੇ (ਉਹਨਾਂ ਗੁਣਾਂ ਦਾ) ਵਰਣਨ ਕਰਦਾ ਹੈ, ਪਰ ਕਿਸੇ ਜੀਵ ਪਾਸੋਂ ਉਸ ਦਾ ਮੁੱਲ ਨਹੀਂ ਪੈ ਸਕਦਾ। (ਹਾਂ) ਜੇਹੜਾ ਮਨੁੱਖ ਸਤਿਗੁਰੂ ਦੇ ਸ਼ਬਦ ਵਿਚ ਜੁੜਦਾ ਹੈ, ਉਹ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ।3।

(ਇਸ ਬਹੁ-ਰੰਗੀ ਸੰਸਾਰ ਦਾ ਮਾਲਕ ਪਰਮਾਤਮਾ ਹਰੇਕ ਜੀਵ ਦੀ ਅਰਜ਼ੋਈ) ਸੁਣ ਸੁਣ ਕੇ (ਹਰੇਕ ਦੀ) ਸੰਭਾਲ ਕਰਦਾ ਹੈ, (ਤੇ ਅਰਦਾਸ ਸੁਣ ਕੇ ਹੀ ਜੀਵ ਨੂੰ) ਗੁਰੂ ਦੇ ਸ਼ਬਦ ਵਿਚ ਜੋੜਦਾ ਹੈ। (ਗੁਰ-ਸ਼ਬਦ ਵਿਚ ਜੁੜਿਆ ਮਨੁੱਖ) ਗੁਰੂ ਦੀ ਦੱਸੀ ਸੇਵਾ ਤੋਂ (ਲੋਕ ਪਰਲੋਕ ਵਿਚ) ਬੜਾ ਆਦਰ-ਮਾਣ ਪ੍ਰਾਪਤ ਕਰਦਾ ਹੈ।

ਹੇ ਨਾਨਕ! (ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਹੀ ਅਨੇਕਾਂ ਜੀਵ) ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗੇ ਜਾਂਦੇ ਹਨ, ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਂਦੇ ਹਨ।4।9। 29।